# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 26-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਜਦੋਂ ਨੌਜਵਾਨ ਰਾਸ਼ਟਰ ਨਿਰਮਾਣ ਵਿੱਚ ਹਿੱਸਾ ਲੈਂਦੇ ਨੇ ਤਾਂ ਰਾਸ਼ਟਰ ਤੇਜ਼ੀ ਨਾਲ ਵਿਕਾਸ ਕਰਦਾ ਏ ਅਤੇ ਦੁਨੀਆ ਵਿੱਚ ਆਪਣੀ ਪਛਾਣ ਵੀ ਬਣਾਉਂਦਾ ਏ।

**BYTE:**

ਪ੍ਰਧਾਨ ਮੰਤਰੀ ਅੱਜ ਰੋਜ਼ਗਾਰ ਮੇਲੇ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ 51 ਹਜ਼ਾਰ ਤੋਂ ਵੱਧ ਨਵੇਂ ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡਣ ਤੋਂ ਬਾਅਦ ਬੋਲ ਰਹੇ ਸਨ। ਸ਼੍ਰੀ ਮੋਦੀ ਨੇ ਨਿਯੁਕਤੀ ਪੱਤਰ ਹਾਸਿਲ ਕਰਨ ਵਾਲੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਆਪਣੇ ਕੰਮ ਪ੍ਰਤੀ ਜਿੰਨੇ ਇਮਾਨਦਾਰ ਹੋਣਗੇ, ਓਨਾ ਹੀ ਇਹ ਭਾਰਤ ਨੂੰ, ਵਿਕਸਤ ਭਾਰਤ ਬਣਨ ਦੀ ਯਾਤਰਾ ਵਿੱਚ ਮਦਦ ਮਿਲੇਗੀ।

--------------------------------------------------------

ਇਸੇ ਤਹਿਤ ਮੋਹਾਲੀ ਵਿਖੇ **ਅਮਿਟੀ** ਯੂਨੀਵਰਸਿਟੀ ਵਿਚ ਰੋਜ਼ਗਾਰ ਮੇਲੇ ਵਿੱਚ ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ 25 **ਨੌਜਵਾਨਾਂ** ਨੂੰ ਸਰਕਾਰੀ ਵਿਭਾਗਾਂ ਵਿੱਚ ਨਿਯੁਕਤੀ ਪੱਤਰ ਵੰਡੇ ।

**ਇਨ੍ਹਾਂ ਵਿਚੋਂ ਦੋ ਲਾਭਪਾਤਰੀਆਂ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ... Byte**

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੇਂਦਰੀ ਮੰਤਰੀ ਨੇ ਕਿਹਾ ਕਿ ਸਰਕਾਰ ਭਾਰਤੀ ਨੌਜਵਾਨਾਂ ਨੂੰ ਰੁਜ਼ਗਾਰ ਦੇ ਵਧੇਰੇ ਮੌਕੇ ਪ੍ਰਦਾਨ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਤਿੰਨ ਸਾਲਾਂ ਤੋਂ ਵੀ ਘੱਟ ਸਮੇਂ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਨੇ 9 ਲੱਖ 25 ਹਜ਼ਾਰ ਤੋਂ ਵੱਧ ਰੁਜ਼ਗਾਰ ਪੱਤਰ ਦਿੱਤੇ ਨੇ, ਜਿਨ੍ਹਾਂ ਵਿੱਚੋਂ ਅੱਜ ਪੂਰੇ ਭਾਰਤ ਵਿੱਚ 51 ਹਜ਼ਾਰ ਤੋਂ ਵੱਧ ਪੱਤਰ ਵੰਡੇ ਜਾ ਰਹੇ ਨੇ । ਮੰਤਰੀ ਨੇ ਨਵੇਂ ਨਿਯੁਕਤ ਅਧਿਕਾਰੀਆਂ ਅਤੇ ਨੌਜਵਾਨਾਂ ਨੂੰ ਦੱਸਿਆ ਕਿ ਭਾਰਤ ਸਿੱਖਿਆ ਅਤੇ ਹੁਨਰ ਵਿਕਾਸ ਨੂੰ ਵਧਾਉਂਦੇ ਹੋਏ ਆਪਣੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਸਮਰਪਿਤ ਏ। ਇਹ ਯਕੀਨੀ ਬਣਾਉਣ ਲਈ ਕਿ ਉਹ ਉੱਭਰ ਰਹੇ ਮੌਕਿਆਂ ਨੂੰ ਹਾਸਲ ਕਰਨ

ਲਈ ਚੰਗੀ ਤਰ੍ਹਾਂ ਤਿਆਰ ਨੇ । ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਭਾਰਤ ਦੇ ਨੌਜਵਾਨਾਂ ਕੋਲ ਬਹੁਤ ਸਾਰੇ ਮੌਕੇ ਹੋਣਗੇ, ਕਿਉਂਕਿ ਦੇਸ਼ ਵਿਕਾਸਿਤ ਭਾਰਤ ਵੱਲ ਵਧ ਰਿਹਾ ਏ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 121ਵਾਂ ਐਪੀਸੋਡ ਹੋਵੇਗਾ। ਇਸ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਪੂਰੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈੱਬਸਾਈਟ ਅਤੇ NEWS ON ਮੋਬਾਈਲ ਐਪ 'ਤੇ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------------

ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਨੇ ਕੱਲ੍ਹ ਸ਼ਾਮ ਅੰਮ੍ਰਿਤਸਰ ਵਿੱਚ

ਭਾਰੀ ਮਾਤਰਾ ਵਿੱਚ ਹਥਿਆਰ, ਗੋਲਾ ਬਾਰੂਦ ਅਤੇ ਵਿਸਫੋਟਕ ਬਰਾਮਦ ਕੀਤੇ। ਇਨ੍ਹਾਂ ਵਿੱਚ ਆਈ.ਈ.ਡੀ. ਸਰਕਟ ਵਾਲਾ ਲਗਭਗ ਪੰਜ ਕਿਲੋਗ੍ਰਾਮ ਆਰ.ਡੀ.ਐਕਸ, ਡੈਟੋਨੇਟਰਾਂ ਵਾਲੇ ਪੰਜ ਹੈਂਡ ਗ੍ਰਨੇਡ, 220 ਕਾਰਤੂਸ ਅਤੇ ਚਾਰ ਪਿਸਤੌਲ ਸ਼ਾਮਲ ਨੇ। ਇਹ ਗੋਲਾ ਬਾਰੂਦ ਇੱਕ ਖੇਤੀਬਾੜੀ ਵਾਲੀ ਜ਼ਮੀਨ ’ਚੋਂ ਦੋ ਵੱਡੇ ਪੈਕੇਟਾਂ ਵਿੱਚ ਲੁਕਾਇਆ ਗਿਆ ਸੀ। ਬੀਐਸਐਫ ਦੇ ਸੂਤਰਾਂ ਨੇ ਦੱਸਿਆ ਕਿ ਸਮੇਂ ਸਿਰ ਕਾਰਵਾਈ ਕਾਰਨ ਇੱਕ ਸੰਭਾਵੀ ਦਹਿਸ਼ਤਗਰਦੀ ਹਮਲੇ ਨੂੰ ਟਾਲ ਦਿੱਤਾ ਗਿਆ ਏ। ਬਰਾਮਦ ਕੀਤੇ ਗਏ ਹਥਿਆਰ ਅੰਮ੍ਰਿਤਸਰ ਪੁਲਿਸ ਨੂੰ ਸੌਂਪ ਦਿੱਤੇ ਗਏ ਨੇ।

---------------------------------------------------------------

ਕਸ਼ਮੀਰ ਦੇ ਪਹਿਲਗਾਮ ਵਿਖੇ ਬੀਤੇ ਦਿਨੀਂ ਹੋਏ ਦਹਿਸ਼ਤਗਰਦੀ ਹਮਲੇ ਦੇ ਵਿਰੋਧ ਵਿਚ ਅਤੇ ਮਾਰੇ ਗਏ ਲੋਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਨ ਲਈ ਦੇਸ਼ ਭਰ ਵਿਚ ਪ੍ਰਦਰਸ਼ਨ ਤੇ ਕੈਂਡਲ ਮਾਰਚ ਕੱਢੇ ਜਾ ਰਹੇ ਨੇ। ਇਸੇ ਦੌਰਾਨ ਅੰਮ੍ਰਿਤਸਰ ਤੇ ਗੁਰਦਾਸਪੁਰ ਵਿਚ ਵੀ ਮ੍ਰਿਤਕਾਂ ਨੂੰ ਸ਼ਰਧਾਂਜਲੀ ਪਰਗਟ ਕਰਨ ਲਈ ਬਾਜਾਰ ਮੁਕੰਮਲ ਤੌਰ ਤੇ ਬੰਦ ਰੱਖੇ ਗਏ ਨੇ।

-----------------------------------------------------------

ਉਧਰ ਸੀਨੀਅਰ ਸਿਟੀਜਨ ਐਸੋਸੀਏਸ਼ਨ ਸਰਹਿੰਦ ਫ਼ਤਹਿਗੜ੍ਹ ਸਾਹਿਬ ਅਤੇ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਬੀਤੀ ਸ਼ਾਮ ਸਨਾਤਨ ਧਰਮ ਮੰਦਿਰ ਤੋ ਕੈਂਡਲ ਮਾਰਚ ਕੱਢਿਆ ਗਿਆ, ਜੋ ਕਿ ਬਾਜ਼ਾਰ ਦੇ ਵੱਖ-ਵੱਖ ਹਿੱਸਿਆਂ ’ਚੋਂ ਹੁੰਦਾ ਹੋਇਆ ਸੀਨੀਅਰ ਸਿਟੀਜ਼ਨ ਦਫ਼ਤਰ ਸਰਹਿੰਦ ’ਚ ਆ ਕੇ ਸੰਪੰਨ ਹੋਇਆ। ਇਸ ਮੌਕੇ ਸੀਨੀਅਰ ਸਿਟੀਜਨ ਐਸੋਸੀਏਸ਼ਨ ਸਰਹਿੰਦ ਦੇ ਪ੍ਰਧਾਨ ਰਾਮ ਨਾਥ ਸ਼ਰਮਾ ਅਤੇ ਸੀਨੀਅਰ ਕਾਂਗਰਸੀ ਨੇਤਾ ਮਨਜੀਤ ਸ਼ਰਮਾ ਨੇ ਕਿਹਾ ਕਿ ਇਹ ਦਹਿਸ਼ਤਗਰਦੀ ਹਮਲਾ ਪੂਰੀ ਇਨਸਾਨੀਅਤ ਦਾ ਕਤਲ ਏ ਜਿਸ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਹਮਲੇ ਕਾਰਨ ਦੇਸ਼ ਵਾਸੀਆਂ ਦੇ ਦਿਲਾਂ ’ਚ ਭਾਰੀ ਰੋਸ ਏ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਫ਼ੜ ਕੇ ਜਲਦ ਤੋਂ ਜਲਦ ਸਜ਼ਾ ਦਿੱਤੀ ਜਾਵੇ।

-----------------------------------------------------------

ਫਰੀਦਕੋਟ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਸਥਾਨਕ ਦਸ਼ਮੇਸ਼ ਡੈਂਟਲ ਕਾਲਜ ਵਿਖੇ ਜਿਲ੍ਹਾ ਪੱਧਰੀ ''ਯੁੱਧ ਨਸ਼ਿਆ ਵਿਰੁੱਧ'' ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਅਧਿਕਾਰੀਆਂ, ਜਿਲ੍ਹਾ ਵਾਸੀਆਂ, ਵੱਖ ਵੱਖ ਸੰਸਥਵਾਂ ਦੇ ਆਗੂਆਂ

ਤੇ ਸੰਸਥਾ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਕੁਲਤਾਰ ਸਿੰਘ ਸੰਧਵਾਂ ਨੇ ਨੇ ਕਿਹਾ ਕਿ ਨਸ਼ੇ ਸਾਡੇ ਸਮਾਜ ਅਤੇ ਸਾਡੀ ਨੋਜਵਾਨੀ ਨੂੰ ਘੁਣ ਵਾਂਗ ਖਾ ਰਹੇ ਨੇ ਤੇ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਨਾਲ ਪੂਰੀ ਸਖਤੀ ਨਾਲ ਪੇਸ਼ ਆਇਆ ਜਾ ਰਿਹਾ ਏ।